# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 24-10-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ITBP ਹਿਮਵੀਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਇੰਡੋ-ਤਿੱਬਤ ਬਾਰਡਰ ਪੁਲਿਸ ਸਥਾਪਨਾ ਦਿਵਸ ਦੇ ਮੌਕੇ 'ਤੇ ਸ਼ੁਭਕਾਮਨਾਵਾਂ ਦਿੱਤੀਆਂ ਹਨ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀਮਾਨ ਮੋਦੀ ਨੇ ਕਿਹਾ ਕਿ ITBP ਲੋਕਾਂ ਦੀ ਰੱਖਿਆ ਲਈ ਬਹਾਦਰੀ ਅਤੇ ਸਮਰਪਣ ਦੇ ਪ੍ਰਤੀਕ ਦੇ ਰੂਪ ਵਿੱਚ ਉੱਚਾ ਏ , ਜਿਸ ਵਿੱਚ ਕੁਝ ਸਭ ਤੋਂ ਚੁਣੌਤੀਪੂਰਨ ਖੇਤਰਾਂ ਅਤੇ ਮੁਸ਼ਕਿਲ ਮੌਸਮ ਵਿੱਚ ਵੀ ਸ਼ਾਮਲ ਏ । ਉਨ੍ਹਾਂ ਨੇ ਕੁਦਰਤੀ ਆਫ਼ਤਾਂ ਅਤੇ ਬਚਾਅ ਕਾਰਜਾਂ ਦੌਰਾਨ, ਉਨ੍ਹਾਂ ਦੇ ਯਤਨਾਂ ਦੀ ਵੀ ਸ਼ਲਾਘਾ ਕੀਤੀ ਜੋ ਲੋਕਾਂ ਵਿੱਚ ਬਹੁਤ ਮਾਣ ਦੀ ਭਾਵਨਾ ਪੈਦਾ ਕਰਦੇ ਨੇ। ਇਸ ਦੌਰਾਨ ਜਲੰਧਰ ਸਥਿਤ, ਇੰਡੋ-ਤਿੱਬਤੀਅਨ ਬਾਰਡਰ ਪੁਲਿਸ ਫੋਰਸ ਦੀ 30ਵੀਂ ਬਟਾਲੀਅਨ, ਨੇ “ਫੋਰਸ ਦਾ 63ਵਾਂ ਸਥਾਪਨਾ ਦਿਵਸ” ਧੂਮਧਾਮ ਨਾਲ

ਮਨਾਇਆ। ਸਭ ਤੋਂ ਪਹਿਲਾਂ ਸਥਾਪਨਾ ਦਿਵਸ ਪਰੇਡ ਦੀ ਸਲਾਮੀ ਕਮਾਂਡੈਂਟ ਬੂਟਾ ਸੁਮਨ ਨੇ ਲਈ ਅਤੇ ਪਰੇਡ ਦੀ ਅਗਵਾਈ ਸਹਾਇਕ ਕਮਾਂਡੈਂਟ ਜੀ.ਡੀ. ਰੋਹਿਤ ਕੁਮਾਰ ਨੇ ਕੀਤੀ। ਇਸ ਮੌਕੇ ਕਮਾਂਡੈਂਟ ਨੇ ਫੋਰਸ ਦੇ ਸਥਾਪਨਾ ਦਿਵਸ 'ਤੇ ਜਵਾਨਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਵਧਾਈ ਦਿੱਤੀ। ਆਪਣੇ ਸੰਬੋਧਨ ਵਿੱਚ ਕਮਾਂਡੈਂਟ ਨੇ ਕਿਹਾ ਕਿ ਸਾਡੀ ਫੋਰਸ ਦਾ ਸ਼ਾਨਦਾਰ ਇਤਿਹਾਸ ਏ ਤੇ ਅੱਜ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਬਣਦੀ ਏ ਕਿ ਅਸੀਂ ਇਸ ਦਿਸ਼ਾ ਵਿੱਚ, ਬਲ ਦੀ ਸ਼ਾਨ ਨੂੰ ਕਾਇਮ ਰੱਖਣ ਲਈ ਦ੍ਰਿੜ ਇਰਾਦੇ ਨਾਲ ਕੰਮ ਕਰੀਏ । ਉਨ੍ਹਾਂ ਕਿਹਾ ਕਿ ਸਾਡੇ ਜਵਾਨ ਬਹਾਦਰੀ, ਲਗਨ, ਅਤੇ ਸਮਰਪਣ' ਨਾਲ ਆਪਣੀਆਂ ਸੌਂਪੀਆਂ ਗਈਆਂ ਜ਼ਿੰਮੇਵਾਰੀਆਂ ਨੂੰ ਬਹੁਤ ਵਧੀਆ ਢੰਗ ਨਾਲ ਨਿਭਾ ਰਹੇ ਨੇ। ਇਸ ਸਮੇਂ ਦੇਸ਼ ਦੀਆਂ ਸੁਰੱਖਿਆ ਲੋੜਾਂ ਬਦਲ ਰਹੀਆਂ ਹਨ, ਇਸ ਵਿੱਚ ਸਾਨੂੰ ਹੋਰ ਸਾਵਧਾਨੀ ਨਾਲ ਕੰਮ ਕਰਨ ਦੀ ਲੋੜ ਹੈ। ਅੰਦਰੂਨੀ ਸੁਰੱਖਿਆ ਅਤੇ ਆਫ਼ਤ ਪ੍ਰਬੰਧਨ ਦੇ ਖੇਤਰ ਵਿੱਚ ਵੀ ਸਾਡੀ ਭੂਮਿਕਾ ਵਧ ਰਹੀ ਏ। ਗੁਆਂਢੀ ਦੇਸ਼ਾਂ ਦੀਆਂ ਸਰਹੱਦਾਂ ਤੇ ਵਧਦੀਆਂ ਗਤੀਵਿਧੀਆਂ ਦੇ ਮੱਦੇਨਜ਼ਰ ਸਾਨੂੰ ਹਮੇਸ਼ਾ ਸੁਚੇਤ, ਅਤੇ

ਤਿਆਰ ਰਹਿਣ ਦੀ ਲੋੜ ਏ । ਇਸ ਮੌਕੇ ਬਟਾਲੀਅਨ ਵੱਲੋਂ ਮਠਿਆਈਆਂ ਵੰਡੀਆਂ ਗਈਆਂ ਤੇ ਮੀਨਾ ਬਾਜ਼ਾਰ ਵਿਖੇ ਜਵਾਨਾਂ, ਹਿਮਵੀਰ ਪਰਿਵਾਰਾਂ ਅਤੇ ਬੱਚਿਆਂ ਦੇ ਵੱਖ-ਵੱਖ ਖੇਡ ਮੁਕਾਬਲੇ ਕਰਵਾਏ ਗਏ ।

--------------------------------------------------------------

ਨੌਜਵਾਨਾਂ ਨੂੰ ਪੁਰਾਣੇ ਸੱਭਿਆਚਾਰ ਨਾਲ ਜੋੜਨ ਲਈ, ਭਾਰਤ ਸਰਕਾਰ ਦੇ ਸੱਭਿਆਚਾਰਕ ਮੰਤਰਾਲੇ ਤਹਿਤ ਉੱਤਰੀ ਜ਼ੋਨ ਸਭਿਆਚਾਰਕ ਕੇਂਦਰ ਨੇ ਪੰਜਾਬ ਦੀਆਂ ਅਲੋਪ ਹੋ ਰਹੀਆਂ ਸੱਭਿਆਚਾਰਕ ਰਿਵਾਇਤਾਂ ਨੂੰ ਸੰਭਾਲਣ ਅਤੇ ਦਿਖਾਉਣ ਨੂੰ ਸਮਰਪਿਤ ਇੱਕ ਵਿਸ਼ੇਸ਼ ਸੱਭਿਆਚਾਰਕ ਪ੍ਰੋਗਰਾਮ ਕੱਲ ਜਲੰਧਰ ਵਿੱਚ ਪੀ.ਏ.ਪੀ. ਸਥਿਤ ਪੁਲਿਸ ਡੀ.ਏ.ਵੀ ਪਬਲਿਕ ਸਕੂਲ ਵਿਖੇ ਕੀਤਾ ਗਿਆ। ਇਹ ਪ੍ਰੋਗਰਾਮ ਕਲਾ ਅਤੇ ਸਭਿਆਚਾਰਕ ਵਿਰਾਸਤ ਬਾਰੇ ਭਾਰਤੀ ਕੌਮੀ ਇੰਡੀਅਨ ਟਰੱਸਟ ਦੇ ਸਹਿਯੋਗ ਨਾਲ ਕੀਤਾ ਗਿਆ ਸੀ । ਸਮਾਗਮ ਦੌਰਾਨ ਰਵਾਇਤੀ ਦੋਹਰੀ ਬੰਸਰੀ ਵਾਲਾ ਸਾਜ਼ - ਅਲਗੋਜ਼ਾ ਵਜਾਇਆ ਗਿਆ ਅਤੇ ਪੰਜਾਬੀ ਲੋਕ ਰੰਗਮੰਚ ਦਾ ਰੰਗੀਨ ਰੂਪ- ਨਕਾਲ ਦਾ ਮੰਚਨ ਵੀ ਕੀਤਾ ਗਿਆ । ਪੇਸ਼ ਕੀਤੇ ਗਏ ਪੰਜਾਬ ਦੇ ਪ੍ਰਾਚੀਨ ਕਬਾਇਲੀ ਨਾਚ- ਲੁੱਡੀ ਨੇ ਵੀ

ਦਰਸ਼ਕਾਂ ਦਾ ਮਨ ਮੋਹ ਲਿਆ। ਟਰੱਸਟ ਦੇ ਸੂਬਾ ਕਨਵੀਨਰ, ਸੇਵਾਮੁਕਤ ਮੇਜਰ ਜਨਰਲ ਬਲਵਿੰਦਰ ਸਿੰਘ ਨੇ ਕਿਹਾ ਕਿ ਉੱਤਰੀ ਜ਼ੋਨ ਸਭਿਆਚਾਰਕ ਕੇਂਦਰ ਦੇ ਨਾਲ ਇਹ ਸੱਭਿਆਚਾਰਕ ਪ੍ਰਦਰਸ਼ਨ ਪੰਜਾਬ ਦੇ ਅਟੁੱਟ ਸੱਭਿਆਚਾਰਕ ਵਿਰਸੇ ਨੂੰ ਦਸਤਾਵੇਜ਼ ਬਣਾਉਣ, ਸੰਭਾਲਣ ਅਤੇ ਉਤਸ਼ਾਹਿਤ ਕਰਨ ਲਈ ਇੱਕ ਵਿਆਪਕ ਪਹਿਲਕਦਮੀ ਦਾ ਹਿੱਸਾ ਏ। ਪ੍ਰੋਗਰਾਮ ਦਾ ਉਦੇਸ਼ ਇਨ੍ਹਾਂ ਅਲੋਪ ਹੋ ਰਹੀ ਕਲਾ ਬਾਰੇ ਨੌਜਵਾਨ ਪੀੜ੍ਹੀ ਵਿੱਚ ਜਾਗਰੂਕਤਾ ਪੈਦਾ ਕਰਨਾ ਅਤੇ ਇਨ੍ਹਾਂ ਦੀ ਸੰਭਾਲ ਦੀ ਫੌਰੀ ਲੋੜ 'ਤੇ ਜ਼ੋਰ ਦੇਣਾ ਏ। ਇਸ ਮੌਕੇ ਕੇਂਦਰ ਦੇ ਨੁਮਾਇੰਦੇ ਹਰਮਨਪ੍ਰੀਤ ਸਿੰਘ ਅਤੇ ਪੁਲਿਸ ਡੀ.ਏ.ਵੀ ਸਕੂਲ ਦੇ ਪ੍ਰਿੰਸੀਪਲ ਰਸ਼ਮੀ ਵਿੱਜ ਵੀ ਮੌਜੂਦ ਸਨ।

---------------------------------------------------------

ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਮੈਂਬਰ ਪ੍ਰੀਤੀ ਚਾਵਲਾ ਨੇ ਕਲ ਪਟਿਆਲਾ ਜ਼ਿਲ੍ਹੇ 'ਚ ਸਰਕਾਰੀ ਸਕੂਲਾਂ ਤੇ ਆਂਗਣਵਾੜੀ ਸੈਂਟਰਾਂ ਵਿਖੇ ਮਿਡ ਡੇ ਮੀਲ ਦਾ ਜਾਇਜ਼ਾ ਲਿਆ। ਉਨ੍ਹਾਂ ਖੁਰਾਕ ਕਮਿਸ਼ਨ ਮੈਂਬਰ ਨੇ ਸਕੂਲ ਅਧਿਆਪਕਾਂ ਤੇ ਆਂਗਣਵਾੜੀ ਸੈਂਟਰਾਂ 'ਚ ਬੱਚਿਆਂ ਨਾਲ ਵੀ

ਗੱਲਬਾਤ ਕੀਤੀ ਅਤੇ ਅਧਿਆਪਕਾਂ ਵੱਲੋਂ ਬੱਚਿਆਂ ਨੂੰ ਦਿੱਤੇ ਜਾਂਦੇ ਖਾਣੇ ਦੇ ਮਾਮਲੇ 'ਤੇ ਤਸੱਲੀ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਨੇ ਕਿਹਾ ਕਿ ਪੀਣ ਵਾਲੇ ਪਾਣੀ ਦੇ ਸੈਂਪਲ ਦੀ ਜਾਂਚ ਵੀ ਸਮੇਂ-ਸਮੇਂ 'ਤੇ ਜਰੂਰ ਕਾਰਵਾਈ ਜਾਵੇ । ਇਸ ਮੌਕੇ ਉਨ੍ਹਾਂ ਸਕੂਲਾਂ ਦੀਆਂ ਰਸੋਈਆਂ ਦਾ ਨਿਰੀਖਣ ਕਰਦਿਆਂ ਰਾਸ਼ਨ ਨੂੰ ਸਟੋਰ ਕਰਨ ਦੇ ਢੰਗ ਦੀ ਜਾਂਚ ਕੀਤੀ, ਜਿਸ 'ਤੇ ਉਨ੍ਹਾਂ ਤਸੱਲੀ ਪ੍ਰਗਟਾਈ। ਸਰਕਾਰੀ ਪ੍ਰਾਇਮਰੀ ਸਕੂਲ ਪਿੰਡ ਪੇਹਰਾ ਦੇ ਸਕੂਲ ਸਟਾਫ਼ ਵੱਲੋਂ ਨੇੜਲੇ ਪੋਲਟਰੀ ਫਾਰਮ ਕਰਕੇ ਮੱਖੀਆਂ ਦੀ ਸਮੱਸਿਆ ਤੋਂ ਵੀ ਉਨ੍ਹਾਂ ਨੂੰ ਜਾਣੂ ਕਰਵਾਇਆ ਗਿਆ। ਉਨ੍ਹਾਂ 2013 ਦੇ ਰਾਸ਼ਟਰੀ ਖਾਦ ਸੁਰੱਖਿਆ ਕਾਨੂੰਨ ਤਹਿਤ ਚੱਲ ਰਹੀਆਂ ਵੱਖ ਵੱਖ ਯੋਜਨਾਵਾਂ ਦੀ ਜਾਂਚ ਕੀਤੀ ਅਤੇ ਆਂਗਣਵਾੜੀ ਰਜਿਸਟਰਾਂ ਨੂੰ ਵੀ ਘੋਖਿਆ ਅਤੇ ਬੱਚਿਆਂ ਲਈ ਤਿਆਰ ਕੀਤਾ ਗਿਆ ਮਿਡ ਡੇ ਮੀਲ ਦਾ ਖਾਣ ਵੀ ਖਾਧਾਂ ਜੋ ਮਿਆਰ ਅਨੁਸਾਰ ਪਾਇਆ ਗਿਆ।

---------------------------------------------------------

ਪੰਜਾਬ ਪੁਲਿਸ ਦੀ ਨਸ਼ਾ ਵਿਰੋਧੀ ਕਾਰਜ ਬਲ ਨੇ ਸਾਬਕਾ ਵਿਧਾਇਕ ਸਤਕਾਰ ਕੌਰ ਗਹਿਰੀ ਅਤੇ ਉਸਦੇ ਭਤੀਜੇ ਨੂੰ ਖਰੜ ਦੇ ਸੰਨੀ

ਐਨਕਲੇਵ ਨੇੜੇ 100 ਗ੍ਰਾਮ ਹੈਰੋਇਨ ਦੀ ਤਸਕਰੀ ਕਰਨ ਦੀ ਕੋਸ਼ਿਸ਼ ਕਰਦੇ ਹੋਏ ਕਾਬੂ ਕੀਤਾ ਏ। ਆਈ.ਜੀ.ਪੀ ਹੈੱਡਕੁਆਰਟਰ ਸੁਖਚੈਨ ਸਿੰਘ ਗਿੱਲ ਨੇ ਦਸਿਆ ਕਿ ਫੜੇ ਗਏ ਮੁਲਜ਼ਮ ਦੀ ਪਛਾਣ ਜਸਕੀਰਤ ਸਿੰਘ ਵਜੋਂ ਹੋਈ, ਜੋ ਕਿ ਫਿਰੋਜ਼ਪੁਰ ਦੇ ਪਿੰਡ ਬਹਿਬਲ ਖੁਰਦ ਦਾ ਰਹਿਣ ਵਾਲਾ ਏ ਅਤੇ ਮੌਜੂਦਾ ਸਮੇਂ ਖਰੜ ਦੇ ਸੰਨੀ ਇਨਕਲੇਵ ਵਿਖੇ ਸਾਬਕਾ ਵਿਧਾਇਕ ਦੇ ਘਰ ਰਹਿੰਦਾ ਏ। ਪੁਲਿਸ ਟੀਮਾਂ ਨੇ ਸਾਬਕਾ ਵਿਧਾਇਕ ਦੇ ਘਰੋਂ 28 ਗ੍ਰਾਮ ਹੋਰ ਹੈਰੋਇਨ ਅਤੇ ਘਰ ਦੀ ਤਲਾਸ਼ੀ ਦੌਰਾਨ ਡੇਢ ਲੱਖ ਰੁਪਏ ਤੋਂ ਵੱਧ ਦੀ ਨਕਦੀ, ਕੁਝ ਸੋਨੇ ਦੇ ਗਹਿਣੇ ਅਤੇ ਕਈ ਕਾਰਾਂ ਦੀ ਰਜਿਸਟ੍ਰੇਸ਼ਨ ਨੰਬਰ ਪਲੇਟਾਂ ਵੀ ਬਰਾਮਦ ਕੀਤੀਆਂ, ਜਿਨ੍ਹਾਂ 'ਤੇ ਹਰਿਆਣਾ ਅਤੇ ਦਿੱਲੀ ਦੇ ਨੰਬਰ ਸਨ। ਸੁਖਚੈਨ ਸਿੰਘ ਗਿੱਲ ਨੇ ਕਿਹਾ ਕਿ ਟੀਮਾਂ ਨੇ ਭਰੋਸੇਯੋਗ ਸੂਚਨਾ ਤੇ ਇਹ ਕਾਰਵਾਈ ਕੀਤੀ ਏ।

------------------------------------------------------------

ਮੌਜੂਦਾ ਸਾਉਣੀ ਮੰਡੀਕਰਨ ਸੀਜ਼ਨ 2024-25 ਲਈ ਝੋਨੇ ਦੇ ਭੰਡਾਰ ਅਤੇ ਮਿਲਿੰਗ ਲਈ 50 ਫੀਸਦੀ ਤੋਂ ਵੱਧ ਚੌਲ ਮਿੱਲਾਂ ਅਲਾਟ ਹੋਣ ਦੇ ਨਾਲ, ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਝੋਨੇ ਦੀ ਚੁਕਾਈ ਦਾ ਕੰਮ ਸੁਚਾਰੂ

ਢੰਗ ਨਾਲ ਚੱਲ ਰਿਹਾ ਏ, ਜਿਸ ਨਾਲ ਕਲ ਤੱਕ ਕੁੱਲ 10 ਲੱਖ ਮੀਟਰਕ ਟਨ ਝੋਨੇ ਦੀ ਚੁਕਾਈ ਹੋ ਚੁੱਕੀ ਏ । ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ ਅਲਾਟਮੈਂਟ ਅਤੇ ਮਿਲਿੰਗ ਲਈ ਕੁਝ ਰਾਈਸ ਮਿੱਲਰ ਗਰੁੱਪਾਂ ਦੀ ਅਣਦੇਖੀ ਕਾਰਨ ਸ਼ੁਰੂਆਤੀ ਰੁਕਾਵਟਾਂ ਦੇ ਬਾਵਜੂਦ, ਚੁਕਾਈ ਪ੍ਰਕਿਰਿਆ ਨੇ ਸਾਰੇ ਜ਼ਿਲ੍ਹਿਆਂ ਵਿੱਚ ਤੇਜ਼ੀ ਫੜੀ ਏ । ਸੂਬੇ ਵਿੱਚ ਕਲ ਇੱਕੋ ਦਿਨ ਵਿੱਚ 2 ਲੱਖ ਮੀਟਰਿਕ ਟਨ ਤੋਂ ਵੱਧ ਝੋਨੇ ਦੀ ਚੁਕਾਈ ਹੋਈ ਏ । ਮੰਤਰੀ ਨੇ ਦੱਸਿਆ ਕਿ ਪੰਜਾਬ ਦੀਆਂ ਕੁੱਲ 5000 ਚੌਲ ਮਿੱਲਾਂ ਵਿੱਚੋਂ 3,120 ਨੇ ਪਹਿਲਾਂ ਹੀ ਅਲਾਟਮੈਂਟ ਲਈ ਬਿਨੇ ਕੀਤਾ ਹੋਇਆ ਏ । ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਨਿਰਵਿਘਨ ਖਰੀਦ ਨੂੰ ਯਕੀਨੀ ਬਣਾਉਣਾ ਸੂਬਾ ਸਰਕਾਰ ਦੀ ਪ੍ਰਮੁੱਖ ਤਰਜੀਹ ਏ ਅਤੇ ਕਿਸਾਨਾਂ ਨੂੰ ਆਪਣੀ ਫਸਲ ਦੀ ਚਿੰਤਾ ਕਰਨ ਦੀ ਲੋੜ ਨਹੀਂ ਏ । ਮੰਡੀਆਂ ਵਿੱਚ ਕਲ ਤੱਕ 34 ਲੱਖ 50 ਹਜ਼ਾਰ ਮੀਟਰਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਏ । ਉਨ੍ਹਾਂ ਦਸਿਆ ਕਿ ਲਗਭਗ ਫਸਲ ਦੀ

ਖਰੀਦ ਲਈ 5 ਹਜ਼ਾਰ 683 ਕਰੋੜ ਰੁਪਏ ਪਹਿਲਾਂ ਹੀ ਕਿਸਾਨਾਂ ਦੇ ਖਾਤਿਆਂ ਵਿੱਚ ਸਿੱਧੇ ਟਰਾਂਸਫਰ ਕੀਤੇ ਜਾ ਚੁੱਕੇ ਨੇ।